ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ
ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ


ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ

Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS

# ਨੌਜਵਾਨ ਪੀੜ੍ਹੀ ਨੂੰ ਗਿਆਨ ਦੇ ਭੰਡਾਰ ਪੁਸਤਕਾਂ ਨਾਲ ਜੋੜਨ ਲਈ ਸੱਭਿਆਚਾਰ ਪੁਸਤਕ ਸਮਾਰੋਹ 27 ਨਵੰਬਰ ਨੂੰ

## ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਬਤੌਰ ਮੁੱਖ ਮਹਿਮਾਨ ਹੋਣਗੇ ਸ਼ਾਮਿਲ

ਰੋਜ਼ਾਨਾ ਵਿਸ਼ਵ ਪੰਜਾਬੀ ਸਾਂਝ

ਬਰੈਂਪਟਨ, 23 ਨਵੰਬਰ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)- ਨੌਜਵਾਨ ਪੀੜੀ ਨੂੰ ਸੋਸ਼ਲ ਮੀਡੀਆ ਤੋਂ ਵਾਪਸ ਗਿਆਨ ਦੇ ਭੰਡਾਰ ਪੁਸਤਕਾਂ ਦੇ ਨਾਲ ਜੋੜਨ ਦੇ ਉਦੇਸ਼ ਨੂੰ ਲੈ ਕੇ ਧੀ ਪੰਜਾਬਣ ਮੰਚ ਵੱਲੋਂ ਵਿਸ਼ਵ ਪੰਜਾਬੀ ਸਾਂਝ ਕੈਨੇਡਾ ਦੇ ਸਹਿਯੋਗ ਨਾਲ 27 ਨਵੰਬਰ ਨੂੰ ਅਕਾਲ ਕਾਲਜ਼ ਆਫ਼ ਐਜੂਕੇਸ਼ਨ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਪੁਸਤਕ ਸਭਿਆਚਾਰ ਸਮਾਰੋਹ ਕਰਵਾਇਆ ਜਾ ਰਿਹਾ। ਜਿਸ ਵਿੱਚ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਦੇ ਲਿਖਿਤ ਮੁਕਾਬਲੇ ਕਰਵਾਏ ਜਾਣਗੇ। ਇਸ ਸਮਾਰੋਹ ਵਿੱਚ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ।



ਧੀ ਪੰਜਾਬਣ ਮੰਚ ਦੇ ਬੁਲਾਰੇ ਨੇ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਨੌਜਵਾਨ ਪੀੜ੍ਹੀ ਦਾ ਪੁਸਤਕ ਮੋਹ ਲਗਪਗ ਖ਼ਤਮ ਹੋ ਚੁੱਕਿਆ। ਨੌਜਵਾਨ ਪੀੜੀ ਮੋਬਾਇਲ ਫੋਨ ਅਤੇ ਸੋਸ਼ਲ ਮੀਡੀਆ ਤੇ ਆਪਣਾ ਕੀਮਤੀ ਸਮਾਂ ਬਰਬਾਦ ਕਰ ਰਹੀ ਹੈ। ਜਦਕਿ ਹਕੀਕਤ ਇਹ ਹੈ ਕਿ ਸਾਡੇ ਮਨ ਮਸਤਕ ਵਿੱਚ ਜੋ ਅਸਰ ਤੇ ਗਿਆਨ ਪੁਸਤਕਾਂ ਨੇ ਦੇਣਾ, ਉਹ ਗਿਆਨ ਸੋਸ਼ਲ ਮੀਡੀਆ ਰਾਹੀਂ ਪ੍ਰਾਪਤ ਨਹੀਂ ਕੀਤਾ ਜਾ ਸਕਦਾ। ਨੌਜਵਾਨ ਪੀੜੀ ਨੂੰ ਪੁਸਤਕ ਸੱਭਿਆਚਾਰ ਵੱਲ ਮੋੜਨ ਦੀ ਜ਼ਰੂਰਤ ਹੈ। ਇਸੇ ਉਦੇਸ਼ ਨੂੰ ਲੈ ਕੇ ਮੰਚ ਵੱਲੋਂ ਪੁਸਤਕ ਸੱਭਿਆਚਾਰ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ। ਜਿਸ ਵਿੱਚ 100 ਤੋਂ ਵੱਧ ਵਿਦਿਆਰਥੀ ਭਾਗ ਲੈਣਗੇ। ਇਸ ਦੌਰਾਨ ਕਰਵਾਏ ਜਾਣ ਵਾਲੇ ਮੁਕਾਬਲਿਆਂ ਵਿੱਚ ਪੁੱਛੇ ਜਾਣ ਵਾਲੇ ਪ੍ਰਸ਼ਨ ਨਾਵਲ, ਕਵਿਤਾ, ਪੁਸਤਕ ਅਤੇ ਸੰਤਾਂ ਦੀ ਜੀਵਨੀ ਤੇ ਅਧਾਰਿਤ ਹੋਣਗੇ। ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਦੇ ਪ੍ਰਸਾਰ ਤੇ ਪ੍ਰਚਾਰ ਤੋਂ ਇਲਾਵਾ ਨੌਜਵਾਨ ਪੀੜੀ ਨੂੰ ਪੰਜਾਬੀ ਅਤੇ ਪੰਜਾਬੀਅਤ ਨਾਲ ਜੋੜਨ ਲਈ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ ਅਤੇ ਕੌਮੀ ਪ੍ਰਧਾਨ ਪ੍ਰੋਫੈਸਰ ਬਲਵੀਰ ਕੌਰ ਰਾਏਕੋਟੀ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ। ਉਨਾਂ ਦੱਸਿਆ ਕਿ ਮੁਕਾਬਲਿਆਂ ਵਿੱਚ ਪਹਿਲੇ ਪੰਜ ਵਿਦਿਆਰਥੀਆਂ ਨੂੰ ਨਗਦ ਇਨਾਮ ਅਤੇ ਹੌਸਲਾ ਅਫ਼ਜ਼ਾਈ ਚਿੰਨ ਦੇ ਕੇ ਸਨਮਾਨਿਤ ਕੀਤਾ ਜਾਏਗਾ।

ਉਹਨਾਂ ਦੱਸਿਆ ਕਿ 27 ਤਰੀਕ ਨੂੰ ਹੋਣ ਵਾਲਾ ਸਮਾਰੋਹ ਇੱਕ ਪਾਇਲਟ ਪ੍ਰੋਜੈਕਟ ਹੋਵੇਗਾ, ਜਿਸ ਤੋਂ ਬਾਅਦ ਜ਼ਿਲ੍ਹਾ ਸੰਗਰੂਰ ਦੇ ਹੋਰ ਕਾਲਜਾਂ ਨੂੰ ਵੀ ਇਸ ਪ੍ਰੋਜੈਕਟ ਵਿੱਚ ਸ਼ਾਮਿਲ ਕੀਤਾ ਜਾਵੇਗਾ। ਜਦਕਿ ਅਗਲੇ ਗੇੜ ਵਿੱਚ ਮਾਲਵਾ ਮਾਝਾ ਅਤੇ ਫਿਰ ਦੁਆਬਾ ਖੇਤਰ ਦੇ ਕਾਲਜਾਂ ਨੂੰ ਸ਼ਾਮਿਲ ਕੀਤਾ ਜਾਵੇਗਾ। ਇਸੇ ਤਰ੍ਹਾਂ ਆਖ਼ਰੀ ਗੇੜ ਵਿੱਚ ਰਾਜ ਪੱਧਰੀ ਮੁਕਾਬਲੇ ਆਯੋਜਿਤ ਕਰਕੇ ਪਹਿਲੇ ਸਥਾਨ ਤੇ ਆਉਣ ਵਾਲੇ ਵਿਦਿਆਰਥੀ ਨੂੰ 51 ਹਜ਼ਾਰ , ਦੂਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀ ਨੂੰ 31 ਹਜ਼ਾਰ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀ ਨੂੰ 21 ਹਜ਼ਾਰ ਦਿੱਤੇ ਜਾਣਗੇ।















## ਬਰਨਾਲਾ ਵਿੱਚ ਬਾਗੀ ਦੇ ਕਾਰਨ ਹਾਰੀ ਆਪ, ਦੋ ਕਾਂਗਰਸ ਪਾਰਲੀਮੈਂਟ ਮੈਂਬਰਾਂ ਦੀਆਂ ਘਰ ਵਾਲੀਆਂ ਤੇ ਖਜ਼ਾਨਾ ਮੰਤਰੀ ਵੀ ਹਾਰੇ

# ਪੰਜਾਬ ਜ਼ਿਮਨੀ ਚੋਣਾਂ : ਆਪ ਨੇ 3 ਤੇ ਕਾਂਗਰਸ ਨੇ ਜਿੱਤੀ 1 ਸੀਟ



ਚੰਡੀਗੜ੍ਹ, 23 ਨਵੰਬਰ (ਵਿਸ਼ਵ ਪੰਜਾਬੀ ਸਾਂਝ ਕੈਨੇਡਾ) ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ ਤੇ ਹੋਈਆਂ ਜਿਮਨੀ ਚੋਣਾਂ ਵਿੱਚ 3 ਸੀਟਾਂ ਤੇ ਆਮ ਆਦਮੀ ਪਾਰਟੀ ਨੇ ਜਿੱਤ ਦਰਜ਼ ਕੀਤੀ ਹੈ ਜਦਕਿ ਇੱਕ ਸੀਟ ਤੇ ਕਾਂਗਰਸ ਉਮੀਦਵਾਰ ਜੇਤੂ ਰਿਹਾ।

ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਵਿੱਚੋਂ ਹੁਸ਼ਿਆਰਪੁਰ ਜ਼ਿਲੇ ਦੇ ਚੰਬੇਵਾਲ ਤੋਂ ਡਾਕਟਰ ਇਸ਼ਾਂਕ ਕੁਮਾਰ, ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਅਤੇ ਮੁਕਤਸਰ ਦੇ ਗਿੱਦੜਬਾਹਾ ਸੀਟ ਤੋਂ ਹਰਦੀਪ ਸਿੰਘ ਡਿੰਪੀ ਢਿੱਲੋ ਜੇਤੂ ਰਹੇ ਹਨ। ਜਦਕਿ ਚੌਥੀ ਸੀਟ ਬਰਨਾਲਾ ਤੇ ਕਾਂਗਰਸੀ ਉਮੀਦਵਾਰ ਕੁਲਦੀਪ ਸਿੰਘ ਕਾਲਾ ਢਿੱਲੋ ਨੇ ਜਿੱਤ ਦਰਜ਼ ਕੀਤੀ ਹੈ।

ਨਤੀਜਿਆਂ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਪੂਰੇ ਦੇਸ਼ 'ਚ ਦਿਨ ਬ ਦਿਨ ਬੁਲੰਦੀਆਂ ਤੇ ਪਹੁੰਚ ਰਹੀ ਹੈ ਅਸੀਂ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਬਿਨਾਂ ਭੇਦਭਾਵ ਅਤੇ ਇਮਾਨਦਾਰੀ ਨਾਲ ਦਿਨ ਰਾਤ ਕੰਮ ਕਰ ਰਹੇ ਹਾਂ।ਅਸੀਂ ਜ਼ਿਮਨੀ ਚੋਣਾਂ ਦੌਰਾਨ ਪੰਜਾਬੀਆਂ ਨਾਲ ਕੀਤੇ ਹਰ ਵਾਅਦੇ ਨੂੰ ਪਹਿਲ ਦੇ ਅਧਾਰ ਤੇ ਪੂਰਾ ਕਰਾਂਗੇ।

### ਬਰਨਾਲਾ ਵਿਧਾਨ ਸਭਾ ਜ਼ਿਮਨੀ ਚੋਣਾਂ 'ਚ 12 ਸਾਲ ਬਾਅਦ ਕਾਂਗਰਸ ਦੀ ਜਿੱਤ

ਬਰਨਾਲਾ ਵਿਧਾਨ ਸਭਾ ਜ਼ਿਮਨੀ ਚੋਣਾਂ ਦੇ ਨਤੀਜਿਆਂ 'ਚ ਕਾਂਗਰਸ ਪਾਰਟੀ ਜਿੱਤ ਹਾਸਲ ਕਰਨ 'ਚ ਕਾਮਯਾਬ ਰਹੀ ਹੈ। ਆਮ ਆਦਮੀ ਪਾਰਟੀ ਦੀ ਰਾਜਧਾਨੀ ਕਹੇ ਜਾਣ ਵਾਲੇ ਬਰਨਾਲਾ ਜ਼ਿਲ੍ਹੇ ਵਿੱਚ 12 ਸਾਲ ਬਾਅਦ ਕਾਂਗਰਸ ਨੇ ਜਿੱਤ ਦਾ ਝੰਡਾ ਲਹਿਰਾਇਆ। ਆਮ ਆਦਮੀ ਪਾਰਟੀ ਦੇ ਬਾਗੀ ਗੁਰਦੀਪ ਸਿੰਘ ਬਾਠ ਦੇ ਕਾਰਨ ਸੱਤਾਧਾਰੀ ਧਿਰ ਨੂੰ ਨੁਕਸਾਨ ਹੋਇਆ। ਕਿਉਂਕਿ ਆਮ ਆਦਮੀ ਪਾਰਟੀ ਵੱਲੋਂ ਗੁਰਦੀਪ ਬਾਠ ਨੂੰ ਟਿਕਟ ਦੇਣ ਦੀ ਜਗਹਾ ਤੇ ਹਰਿੰਦਰ ਸਿੰਘ ਧਾਲੀਵਾਲ ਨੂੰ ਮੈਦਾਨ ਵਿੱਚ ਉਤਾਰਿਆ ਸੀ। ਟਿਕਟ ਨਾ ਮਿਲਣ ਤੇ ਗੁਰਦੀਪ ਬਾਠ ਆਜ਼ਾਦ ਉਮੀਦਵਾਰ ਦੇ ਵਜੋਂ ਚੋਣ ਲੜੇ ਸਨ।

### ਭਾਜਪਾ ਨੇ ਮਾਲਵਾ ਖੇਤਰ ਵਿੱਚ ਜਮਾਏ ਆਪਣੇ ਪੈਰ

ਬਰਨਾਲਾ ਦੀ ਜਿਮਨੀ ਚੋਣ ਰਾਹੀਂ ਭਾਜਪਾ ਪੰਜਾਬ ਦੀ ਕਿਸਾਨ ਯੂਨੀਅਨ ਦੇ ਗੜ੍ਹ ਮੰਨੇ ਜਾਂਦੇ ਮਾਲਵਾ ਖੇਤਰ ਦੇ ਕੇਂਦਰ ਬਰਨਾਲਾ ਵਿੱਚ ਵੀ ਆਪਣੇ ਪੈਰ ਪਕੜਦੀ ਨਜ਼ਰ ਆ ਰਹੀ ਹੈ। ਕਿਉਂਕਿ ਭਾਜਪਾ ਦੇ ਉਮੀਦਵਾਰ ਕੇਵਲ ਸਿੰਘ ਢਿੱਲੋ 17 ਫੀਸਦੀ ਤੋਂ ਵੱਧ 17958 ਵੋਟਾਂ ਲੈ ਕੇ ਤੀਜੇ ਸਥਾਨ ਤੇ ਰਹੇ। ਇਸ ਵਾਰ ਪਿੰਡਾਂ ਵਿੱਚ ਵੀ ਭਾਜਪਾ ਨੂੰ ਚੰਗੀਆਂ ਵੋਟਾਂ ਮਿਲੀਆਂ ਹਨ। ਜਿਸ ਕਾਰਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਚ ਭਾਜਪਾ ਦੇ ਹੋਰ ਵੀ ਉਤਸ਼ਾਹ ਨਾਲ ਮੈਦਾਨ ਚ ਉਤਰਨ ਦੀ ਉਮੀਦ ਹੈ।

### ਦੋ ਪਾਰਲੀਮੈਂਟ ਮੈਂਬਰਾਂ ਦੀਆਂ ਘਰ ਵਾਲੀਆਂ ਨੂੰ ਵੀ ਦੇਖਣਾ ਪਿਆ ਹਾਰ ਦਾ ਮੂੰਹ

4 ਵਿਧਾਨ ਸਭਾ ਦੀਆਂ ਹੋਈਆਂ ਜ਼ਿਮਨੀ ਚੋਣਾਂ ਵਿੱਚ ਕਾਂਗਰਸ ਦੇ ਦੋ ਪਾਰਲੀਮੈਂਟ ਮੈਂਬਰਾਂ ਦੀਆਂ ਘਰ ਵਾਲੀਆਂ ਨੂੰ ਵੀ ਬਤੌਰ ਉਮੀਦਵਾਰ ਹਾਰ ਦਾ ਮੂੰਹ ਦੇਖਣਾ ਪਿਆ। ਡੇਰਾ ਬਾਬਾ ਨਾਨਕ ਸੀਟ ਤੇ ਗੁਰਦਾਸਪੁਰ ਤੋਂ ਕਾਂਗਰਸ ਪਾਰਲੀਮੈਂਟ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਦੀ ਪਤਨੀ ਜਤਿੰਦਰ ਕੌਰ ਰੰਧਾਵਾ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ। ਹਾਲਾਂਕਿ ਰੰਧਾਵਾ ਆਪਣੇ ਪੁੱਤਰ ਉਦੈਵੀਰ ਸਿੰਘ ਰੰਧਾਵਾ ਨੂੰ ਸਿਆਸਤ ਵਿੱਚ ਲਿਆਉਣਾ ਚਾਹੁੰਦੇ ਸਨ, ਪਰ ਚੋਣ ਲੜਨ ਲਈ ਨਿਰਧਾਰਿਤ ਘੱਟੋ ਘੱਟ ਉਮਰ ਪੂਰੀ ਨਾ ਹੋਣ ਕਾਰਨ ਉਹਨਾਂ ਨੂੰ ਆਪਣੀ ਪਤਨੀ ਜਤਿੰਦਰ ਕੌਰ ਰੰਧਾਵਾ ਨੂੰ ਮੈਦਾਨ ਵਿੱਚ ਉਤਾਰਨਾ ਪਿਆ। ਪਰ ਉਹ ਆਪਣੀ ਪਤਨੀ ਨੂੰ ਪਹਿਲੀ ਜਿੱਤ ਹੀ ਨਹੀਂ ਦਵਾ ਸਕੇ। ਇਸੇ ਤਰ੍ਹਾਂ ਗਿੱਦੜਬਾਹਾ ਵਿਖੇ ਲੁਧਿਆਣਾ ਤੋਂ ਕਾਂਗਰਸ ਪਾਰਲੀਮੈਂਟ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਤਨੀ ਅੰਮ੍ਰਿਤਾ ਵੜਿੰਗ ਨੂੰ ਹਰਦੀਪ ਸਿੰਘ ਡਿੰਪੀ ਢਿੱਲੋ ਨੇ ਹਰਾ ਦਿੱਤਾ। ਹਾਲਾਂਕਿ ਅੰਮ੍ਰਿਤਾ ਵੜਿੰਗ ਨੇ ਖ਼ੁਦ ਨੂੰ ਗਿੱਦੜਬਾਹਾ ਹਲਕੇ ਦੀ ਧੀ ਕਹਿੰਦੇ ਹੋਏ ਗਿੱਦੜਬਾਹਾ ਵਾਸੀਆਂ ਨੂੰ ਉਹਨਾਂ ਤੇ ਇੱਕ ਵਾਰ ਭਰੋਸਾ ਪ੍ਰਗਟ ਕਰਨ ਦੀ ਗੱਲ ਵੀ ਕਹੀਂ ਸੀ। ਜਦਕਿ ਰਾਜਾ ਵੜਿੰਗ ਵੀ ਖ਼ੁਦ ਨੂੰ ਗਿੱਦੜਬਾਹਾ ਹਲਕੇ ਦਾ ਪੁੱਤ ਕਹਿੰਦੇ ਹੋਏ ਕੀਤੇ ਹੋਏ ਕੰਮਾਂ ਦਾ ਵੇਰਵਾ ਦੇ ਕੇ ਵੋਟਾਂ ਦੀ ਮੰਗ ਕਰਦੇ ਸੁਣਾਈ ਦਿੱਤੇ ਸਨ, ਪਰ ਉਹਨਾਂ ਦੀ ਇਹ ਪੁਰਜੋਰ ਅਪੀਲ ਵੀ ਉਹਨਾਂ ਦੀ ਪਤਨੀ ਦੇ ਕੰਮ ਨਹੀਂ ਆ ਸਕੀ, ਕਿਉਂਕਿ ਗਿੱਦੜਬਾਹਾ ਵਾਸੀਆਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਆਪ ਵਿੱਚ ਸ਼ਾਮਿਲ ਹੋਏ ਹਰਦੀਪ ਸਿੰਘ ਡਿੰਪੀ ਢਿੱਲੋ ਦੇ ਹੱਕ ਵਿੱਚ ਫ਼ਤਵਾ ਦੇ ਦਿੱਤਾ।

### ਬਾਦਲ ਪਰਿਵਾਰ ਦੀ ਵਿਰਾਸਤ ਦਾ ਲਾਹਾ ਨਹੀਂ ਲੈ ਸਕੇ ਸਾਬਕਾ ਖਜ਼ਾਨਾ ਮੰਤਰੀ ਮਨਪ੍ਰੀਤ ਬਾਦਲ

ਗਿੱਦੜਬਾਹਾ ਸੀਟ ਤੋਂ ਦੋ ਵਾਰ ਜਿੱਤ ਕੇ ਖਜ਼ਾਨਾ ਮੰਤਰੀ ਰਹੇ ਮਨਪ੍ਰੀਤ ਸਿੰਘ ਬਾਦਲ ਨੂੰ ਵੀ ਹਾਰ ਦਾ ਮੂੰਹ ਦੇਖਣਾ ਪਿਆ। ਉਹ ਭਾਜਪਾ ਉਮੀਦਵਾਰ ਦੇ ਤੌਰ ਤੇ ਚੋਣ ਲੜੇ ਸਨ ਤੇ ਤੀਸਰੇ ਨੰਬਰ ਤੇ ਰਹੇ, ਉਨਾਂ ਨੂੰ ਬਾਦਲ ਪਰਿਵਾਰ ਦੀ ਵਿਰਾਸਤ ਦਾ ਵੀ ਇਸ ਚੋਣ ਵਿੱਚ ਕੋਈ ਲਾਭ ਨਹੀਂ ਮਿਲਿਆ।







### ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

**ਲਿਖਤਾਂ ਭੇਜਣ ਲਈ ਈਮੇਲ ਪਤਾ**

**vishavPunjabisanjh@gmail.com**

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ



# ਪਾਕਿਸਤਾਨ ਵੱਲੋਂ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਯਾਦਗਾਰੀ ਸਿੱਕਾ ਜਾਰੀ



ਲਾਹੌਰ, 23 ਨਵੰਬਰ, ((ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪਾਕਿਸਤਾਨ ਨੇ ਗੁਰੂ ਨਾਨਕ ਦੇਵ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਯਾਦਗਾਰੀ ਸਿੱਕਾ ਜਾਰੀ ਕੀਤਾ ਹੈ ਜਿਸ ਦੀ ਕੀਮਤ ਪਾਕਿਸਤਾਨ ਦੇ 55 ਰੁਪਏ ਦੀ ਹੈ। ਇਸ ਸਿੱਕੇ ਦੇ ਇੱਕ ਪਾਸੇ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ ਦੀ ਤਸਵੀਰ ਅਤੇ ਉੱਪਰ ਅਤੇ ਹੇਠਾਂ 555ਵੇਂ ਪ੍ਰਕਾਸ਼ ਪੁਰਬ ਸਮਾਗਮ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ 1469-2024 ਲਿਖਿਆ ਹੋਇਆ ਹੈ। ਇਸ ਸਿੱਕੇ ਵਿਚ ਚੰਨ ਅਤੇ ਤਾਰੇ ਦੀ ਵੀ ਤਸਵੀਰ ਹੈ। ਸਟੇਟ ਬੈਂਕ ਆਫ ਪਾਕਿਸਤਾਨ ਮੁਤਾਬਕ ਇਸ ਸਿੱਕੇ ਵਿੱਚ 79 ਫੀਸਦੀ ਪਿੱਤਲ, 20 ਫੀਸਦੀ ਜ਼ਿੰਕ ਅਤੇ 1 ਫੀਸਦੀ ਨਿੱਕਲ ਹੈ। ਇਸ ਦਾ ਵਿਆਸ 30 ਐਮਐਮ ਅਤੇ ਵਜ਼ਨ 13.5 ਗ੍ਰਾਮ ਹੈ। ਦੂਜੇ ਪਾਸੇ ਇੱਥੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਭਾਰਤ ਤੋਂ ਆਏ 2500 ਤੋਂ ਵੱਧ ਸਿੱਖ ਸ਼ਰਧਾਲੂ ਵੀ ਆਪਣੇ ਘਰਾਂ ਲਈ ਰਵਾਨਾ ਹੋ ਗਏ ਹਨ। ਇੱਥੇ 14 ਨਵੰਬਰ ਨੂੰ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਸ਼ੁਰੂਆਤ ਗੁਰਦੁਆਰਾ ਜਨਮ ਅਸਥਾਨ ਨਨਕਾਣਾ ਸਾਹਿਬ ਵਿਚ ਹੋਈ ਸੀ ਜਿੱਥੇ ਸਿੱਖ ਧਰਮ ਦੇ ਬਾਨੀ ਦਾ ਜਨਮ ਹੋਇਆ ਸੀ।


















# ਸਰਦੀਆਂ ਆਉਂਦੇ ਹੀ ਹਾਰਟ ਅਟੈਕ ਦਾ ਖ਼ਤਰਾ ਕਿਉਂ ਹੋ ਜਾਂਦੈ ਦੁੱਗਣਾ



ਸਰਪ੍ਰੀਤ ਕੌਰ

ਬਰੈਂਪਟਨ, 23 ਨਵੰਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਜਿਵੇਂ-ਜਿਵੇਂ ਸਰਦੀ ਦਾ ਮੌਸਮ ਨੇੜੇ ਆਉਂਦਾ ਹੈ, ਸਿਹਤ ਨਾਲ ਜੁੜੀਆਂ ਕਈ ਸਮੱਸਿਆਵਾਂ ਦਾ ਖਤਰਾ ਵੱਧ ਜਾਂਦਾ ਹੈ, ਜ਼ਿਆਦਾਤਰ ਉਨ੍ਹਾਂ ਲੋਕਾਂ ਲਈ ਜਿਨ੍ਹਾਂ ਨੂੰ ਦਿਲ ਨਾਲ ਜੁੜੀਆਂ ਬਿਮਾਰੀਆਂ ਹੁੰਦੀਆਂ ਹਨ। ਤੁਹਾਨੂੰ ਦੱਸ ਦੇਈਏ ਕਿ ਸਰਦੀਆਂ ਵਿੱਚ ਹਾਰਟ ਅਟੈਕ ਦੇ ਮਾਮਲੇ ਵੀ ਇਸ ਮੌਸਮ ਵਿੱਚ ਵੱਧ ਜਾਂਦੇ ਹਨ। ਕਿਉਂਕਿ ਠੰਢ ਕਾਰਨ ਖ਼ੂਨ ਦੀਆਂ ਨਾੜੀਆਂ ਸੁੰਗੜ ਜਾਂਦੀਆਂ ਹਨ ਅਤੇ ਇਸ ਕਾਰਨ ਬਲੱਡ ਪ੍ਰੈਸ਼ਰ ਵਧ ਜਾਂਦਾ ਹੈ। ਇਸ ਤੋਂ ਇਲਾਵਾ, ਦਿਲ ਨੂੰ ਪੂਰੇ ਸਰੀਰ ਵਿਚ ਖ਼ੂਨ ਪੰਪ ਕਰਨ ਅਤੇ ਗਰਮੀ ਬਰਕਰਾਰ ਰੱਖਣ ਲਈ ਸਖ਼ਤ ਮਿਹਨਤ ਕਰਨੀ ਪੈਂਦੀ ਹੈ।ਇਸ ਕਾਰਨ ਛਾਤੀ ਵਿੱਚ ਦਰਦ, ਚੱਕਰ ਆਉਣੇ, ਸਾਹ ਲੈਣ ਵਿੱਚ ਤਕਲੀਫ਼ ਜਾਂ ਬਾਹਾਂ ਅਤੇ ਮੋਢਿਆਂ ਵਿੱਚ ਤਕਲੀਫ਼ ਦਿਲ ਦੇ ਦੌਰੇ ਦੇ ਸ਼ੁਰੂਆਤੀ ਲੱਛਣ (ਹਾਰਟ ਅਟੈਕ ਚਿਤਾਵਨੀ ਚਿੰਨ੍ਹ) ਹੋ ਸਕਦੇ ਹਨ। ਇਨ੍ਹਾਂ ਨੂੰ ਪਛਾਣਨਾ ਬਹੁਤ ਜ਼ਰੂਰੀ ਹੈ ਤਾਂ ਜੋ ਸਹੀ ਸਮੇਂ 'ਤੇ ਸਹੀ ਕਦਮ ਚੁੱਕੇ ਜਾ ਸਕਣ।

### ਸਭ ਤੋਂ ਵੱਧ ਜੋਖ਼ਮ ਕਿਸ ਨੂੰ ਹੈ ?

ਦਿਲ ਦਾ ਦੌਰਾ ਕਿਸੇ ਦੀ ਉਮਰ ਦੇ ਹਿਸਾਬ ਨਾਲ ਨਹੀਂ ਹੁੰਦਾ, ਇਹ ਕਿਸੇ ਵੀ ਉਮਰ ਦੇ ਵਿਅਕਤੀ ਨੂੰ ਹੋ ਸਕਦਾ ਹੈ। ਹਾਲਾਂਕਿ, ਅਜੇ ਵੀ ਕੁਝ ਖਾਸ ਕਿਸਮਾਂ ਦੇ ਲੋਕਾਂ ਨੂੰ ਵਧੇਰੇ ਜੋਖ਼ਮ ਹੁੰਦਾ ਹੈ, ਆਓ ਜਾਣਦੇ ਹਾਂ।

**ਉਮਰ:** ਆਮ ਤੌਰ 'ਤੇ, 45 ਸਾਲ ਤੋਂ ਵੱਧ ਉਮਰ ਦੇ ਮਰਦ ਅਤੇ 55 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਦਿਲ ਦੇ ਦੌਰੇ ਦਾ ਵਧੇਰੇ ਖ਼ਤਰਾ ਹੁੰਦਾ ਹੈ।

**ਪਰਿਵਾਰਕ ਇਤਿਹਾਸ:** ਜੇਕਰ ਤੁਹਾਡੇ ਪਰਿਵਾਰ ਵਿੱਚ ਕਿਸੇ ਨੂੰ ਦਿਲ ਦਾ ਦੌਰਾ ਪਿਆ ਹੈ ਜਾਂ ਦਿਲ ਦੀ ਬਿਮਾਰੀ ਹੈ, ਤਾਂ ਤੁਹਾਨੂੰ ਵੀ ਵੱਧ ਜੋਖਮ ਹੋ ਸਕਦਾ ਹੈ।

**ਮਾੜੀ ਜੀਵਨ ਸ਼ੈਲੀ:** ਸਿਗਰਟਨੋਸ਼ੀ, ਸ਼ਰਾਬ ਦਾ ਸੇਵਨ, ਖਾਣ-ਪੀਣ ਦੀਆਂ ਗਲਤ ਆਦਤਾਂ, ਮੋਟਾਪਾ, ਸਰੀਰਕ ਗਤੀਵਿਧੀ ਦੀ ਕਮੀ ਅਤੇ ਤਣਾਅ ਦਿਲ ਦੇ ਦੌਰੇ ਦਾ ਖ਼ਤਰਾ ਵਧਾ ਸਕਦਾ ਹੈ।

**ਹੋਰ ਬਿਮਾਰੀਆਂ:** ਹਾਈ ਬਲੱਡ ਪ੍ਰੈਸ਼ਰ, ਸ਼ੂਗਰ, ਹਾਈ ਕੋਲੈਸਟਰੋਲ ਵਰਗੀਆਂ ਬਿਮਾਰੀਆਂ ਵੀ ਦਿਲ ਦੇ ਦੌਰੇ ਦਾ ਖ਼ਤਰਾ ਵਧਾਉਂਦੀਆਂ ਹਨ।

### ਸਰਦੀਆਂ ਵਿੱਚ ਦਿਲ ਦੇ ਦੌਰੇ ਤੋਂ ਬਚਾਏਗੀ ਡਾਕਟਰ ਦੀ ਸਲਾਹ

ਸਰਦੀਆਂ ਵਿੱਚ ਦਿਲ ਨੂੰ ਸਿਹਤਮੰਦ ਰੱਖਣਾ ਥੋੜ੍ਹਾ ਮੁਸ਼ਕਲ ਹੋ ਸਕਦਾ ਹੈ, ਪਰ ਇਹ ਅਸੰਭਵ ਨਹੀਂ ਹੈ। ਇਸ ਮੌਸਮ 'ਚ ਦਿਲ ਨਾਲ ਜੁੜੀਆਂ ਕਈ ਬੀਮਾਰੀਆਂ ਦਾ ਖਤਰਾ ਵਧ ਸਕਦਾ ਹੈ ਪਰ ਜੇਕਰ ਡਾਕਟਰ ਦੀ ਮੰਨੀਏ ਤਾਂ ਉਨ੍ਹਾਂ ਦੀ ਸਲਾਹ ਨਾਲ ਹਾਰਟ ਅਟੈਕ ਦੇ ਖਤਰੇ ਤੋਂ ਬਚਿਆ ਜਾ ਸਕਦਾ ਹੈ। ਆਓ ਜਾਣਦੇ ਹਾਂ ਅਜਿਹੇ 5 ਕਾਰਗਰ ਟਿਪਸ

### ਸਰੀਰਕ ਤੌਰ 'ਤੇ ਸਰਗਰਮ ਰਹੋ

ਸਰਦੀਆਂ 'ਚ ਅਕਸਰ ਲੋਕ ਥੋੜ੍ਹੇ ਆਲਸੀ ਹੋ ਜਾਂਦੇ ਹਨ, ਜਿਸ ਕਾਰਨ ਦਿਲ ਦੀ ਕੰਮ ਕਰਨ ਦੀ ਸਮਰੱਥਾ ਵੀ ਘੱਟ ਜਾਂਦੀ ਹੈ। ਇਸ ਲਈ ਸਾਨੂੰ ਰੋਜ਼ਾਨਾ ਕਸਰਤ ਕਰਨੀ ਚਾਹੀਦੀ ਹੈ ਅਤੇ ਖੇਡਾਂ ਵਿਚ ਵੀ ਹਿੱਸਾ ਲੈਂਦੇ ਰਹਿਣਾ ਚਾਹੀਦਾ ਹੈ।

**ਸਿਹਤਮੰਦ ਭੋਜਨ:** ਸਾਡੇ ਲਈ ਆਪਣੇ ਭੋਜਨ ਵਿੱਚ ਪ੍ਰੋਟੀਨ ਅਤੇ ਕਾਰਬੋਹਾਈਡਰੇਟ ਦੀ ਸਹੀ ਮਾਤਰਾ ਨੂੰ ਲੈਣਾ ਬਹੁਤ ਜ਼ਰੂਰੀ ਹੈ। ਸੰਤੁਲਿਤ ਭੋਜਨ ਸਰੀਰ ਦਾ ਸਹੀ ਤਾਪਮਾਨ ਬਰਕਰਾਰ ਰੱਖਦਾ ਹੈ, ਜਿਸ ਕਾਰਨ ਸਾਡੇ ਦਿਲ ਨੂੰ ਜ਼ਿਆਦਾ ਮਿਹਨਤ ਨਹੀਂ ਕਰਨੀ ਪੈਂਦੀ।

**ਬਹੁਤ ਜ਼ਿਆਦਾ ਠੰਢ ਤੋਂ ਬਚੋ:** ਜਿਨ੍ਹਾਂ ਲੋਕਾਂ ਨੂੰ ਪਹਿਲਾਂ ਹੀ ਦਿਲ ਦੀ ਬਿਮਾਰੀ ਹੈ, ਉਨ੍ਹਾਂ ਨੂੰ ਠੰਢ ਵਿੱਚ ਜ਼ਿਆਦਾ ਦੇਰ ਤੱਕ ਬਾਹਰ ਰਹਿਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਅਤੇ ਜਿੰਨਾ ਸੰਭਵ ਹੋ ਸਕੇ ਘਰ ਦੇ ਅੰਦਰ ਹੀ ਰਹਿਣਾ ਚਾਹੀਦਾ ਹੈ।

**ਸ਼ਰਾਬ ਦੇ ਸੇਵਨ ਤੋਂ ਬਚੋ:** ਬਹੁਤ ਜ਼ਿਆਦਾ ਸ਼ਰਾਬ ਪੀਣ ਨਾਲ ਸਰੀਰ ਦਾ ਤਾਪਮਾਨ ਬਦਲਣ ਦੀ ਸੰਭਾਵਨਾ ਵੱਧ ਜਾਂਦੀ ਹੈ, ਜਿਸ ਨਾਲ ਦਿਲ 'ਤੇ ਦਬਾਅ ਪੈ ਸਕਦਾ ਹੈ। ਇਸ ਲਈ ਸਰਦੀਆਂ ਵਿੱਚ ਸ਼ਰਾਬ ਦੇ ਜ਼ਿਆਦਾ ਸੇਵਨ ਤੋਂ ਬਚਣਾ ਚਾਹੀਦਾ ਹੈ।

ਦਿਲ ਦੀਆਂ ਬਿਮਾਰੀਆਂ ਤੋਂ ਬਚਣ ਲਈ ਇਸ ਮੌਸਮ ਵਿੱਚ ਕੁਝ ਖਾਸ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ। ਜੇਕਰ ਤੁਹਾਨੂੰ ਪਹਿਲਾਂ ਤੋਂ ਹੀ ਦਿਲ ਦੀ ਕੋਈ ਸਮੱਸਿਆ ਹੈ ਤਾਂ ਡਾਕਟਰ ਦੀ ਸਲਾਹ ਨੂੰ ਮੰਨਣਾ ਬਹੁਤ ਜ਼ਰੂਰੀ ਹੈ। ਦਿਲ ਦੇ ਦੌਰੇ ਵਰਗੀਆਂ ਗੰਭੀਰ ਸਥਿਤੀਆਂ ਵਿੱਚ, ਐਂਜੀਓਪਲਾਸਟੀ ਜਾਂ ਬਾਈਪਾਸ ਸਰਜਰੀ ਵਰਗੇ ਇਲਾਜ ਦੇ ਵਿਕਲਪ ਹੋ ਸਕਦੇ ਹਨ। ਇਲਾਜ ਦੀ ਵਿਧੀ ਮਰੀਜ਼ ਤੋਂ ਮਰੀਜ਼ ਤੱਕ ਵੱਖਰੀ ਹੁੰਦੀ ਹੈ ਅਤੇ ਮਰੀਜ਼ ਦੀ ਉਮਰ, ਬਿਮਾਰੀ ਦੀ ਗੰਭੀਰਤਾ ਅਤੇ ਹੋਰ ਸਿਹਤ ਸਥਿਤੀਆਂ 'ਤੇ ਨਿਰਭਰ ਕਰਦੀ ਹੈ।

# ਲੁਧਿਆਣਾ 'ਚ ਸਾਈਬਰ ਠੱਗਾਂ ਨੇ ਹੋਟਲ ਬੁਕਿੰਗ ਦੇ ਨਾਂ 'ਤੇ ਵਿਛਾਇਆ ਜਾਲ, ਖਾਤੇ 'ਚੋਂ ਉਡਾਏ 21 ਲੱਖ 88 ਹਜ਼ਾਰ ਰੁਪਏ

ਲੁਧਿਆਣਾ, 23 ਨਵੰਬਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਸਾਈਬਰਠੱਗਾਂ ਨੇ ਇੱਕ ਅਜਿਹਾ ਜਾਲ ਬੁਣਿਆ, ਜਿਸ ਵਿੱਚ ਲੁਧਿਆਣਾ ਦਾ ਇੱਕ ਨੌਜਵਾਨ ਬੁਰੀ ਤਰ੍ਹਾਂ ਫਸ ਗਿਆ । ਦੋ ਵਾਰ ਥੋੜ੍ਹਾ-ਥੋੜ੍ਹਾ ਮੁਨਾਫਾ ਦੇ ਕੇ ਮੁਲਜ਼ਮਾਂ ਨੇ ਤੀਸਰੀ ਵਾਰ ਉਸ ਦਾ ਖਾਤਾ ਹੈਕ ਕਰ ਲਿਆ। ਅਕਾਊਂਟ ਹੈਕ ਕਰਨ ਤੋਂ ਬਾਅਦ ਮੁਲਜ਼ਮਾਂ ਨੇ ਕਈ ਵਾਰ ਟਰਾਂਜੈਕਸ਼ਨ ਕੀਤੀਆਂ ਤੇ ਉਸ ਦੇ ਖਾਤੇ 'ਚੋਂ 21 ਲੱਖ 88 ਹਜ਼ਾਰ ਰੁਪਏ ਦੀ ਰਕਮ ਕਢਵਾ ਲਈ । ਇਸ ਸਬੰਧੀ ਨੌਜਵਾਨ ਨੇ ਤੁਰੰਤ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਦਿੱਤੀ । ਪੁਲਿਸ ਨੇ ਇੱਕ ਸਾਲ ਤੋਂ ਵੱਧ ਸਮੇਂ ਤੱਕ ਕੇਸ ਦੀ ਪੜਤਾਲ ਕਰ ਕੇ ਇੰਦੌਰ ਦੀ ਵਨ ਸਟਾਰ ਨਾਂ ਦੀ ਕੰਪਨੀ ਖਿਲਾਫ਼ ਕੇਸ ਦਰਜ ਕਰ ਲਿਆ ਹੈ। ਜਾਣਕਾਰੀ ਦਿੰਦਿਆਂ ਜਲੰਧਰ ਬਾਈਪਾਸ ਸਥਿਤ ਅਮਨ ਨਗਰ ਦੇ ਰਹਿਣ ਵਾਲੇ ਅਭਿਸ਼ੇਕ ਸਹਿਗਲ ਨੇ ਦੱਸਿਆ ਅਗਸਤ 2023 ਵਿੱਚ ਉਨ੍ਹਾਂ ਟੈਲੀਗ੍ਰਾਮ ਜ਼ਰੀਏ ਇੱਕ ਆਈਡੀ ਤੋਂ ਮੈਸੇਜ ਆਇਆ ਕਿ ਹੋਟਲ ਬੁਕਿੰਗ ਟਾਸਕ ਲਈ ਇੱਕ ਆਨਲਾਈਨ ਜੌਬ ਹੈ।

# ਵੱਡੇ ਪੱਧਰ 'ਤੇ ਹਾਈਪਰਸੋਨਿਕ ਮਿਜ਼ਾਈਲਾਂ ਦਾ ਉਤਪਾਦਨ ਕਰੇਗਾ ਰੂਸ, ਰਾਸ਼ਟਰਪਤੀ ਪੁਤਿਨ ਨੇ ਦਿੱਤੀ ਹਰੀ ਝੰਡੀ



ਮਾਸਕੋ, 23 ਨਵੰਬਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਰੂਸ ਅਤੇ ਯੂਕਰੇਨ ਵਿਚਾਲੇ ਜੰਗ ਹੁਣ ਨਵਾਂ ਮੋੜ ਲੈ ਰਹੀ ਹੈ। ਰਾਸ਼ਟਰਪਤੀ ਪੁਤਿਨ ਨੇ ਯੂਕਰੇਨ ਯੁੱਧ ਵਿੱਚ ਵਰਤੋਂ ਲਈ ਹਾਈਪਰਸੋਨਿਕ ਮਿਜ਼ਾਈਲਾਂ ਦੇ ਵੱਡੇ ਪੱਧਰ 'ਤੇ ਉਤਪਾਦਨ ਦਾ ਆਦੇਸ਼ ਦਿੱਤਾ ਹੈ। ਯੂਕਰੇਨ ਉੱਤੇ ਮਿਜ਼ਾਈਲ ਦਾਗੇ ਜਾਣ ਦੇ ਇੱਕ ਦਿਨ ਬਾਅਦ, ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਮਾਸਕੋ ਯੁੱਧ ਦੀ ਸਥਿਤੀ ਵਿੱਚ ਹਾਈਪਰਸੋਨਿਕ ਓਰੇਸ਼ਨਿਕ ਬੈਲਿਸਟਿਕ ਮਿਜ਼ਾਈਲਾਂ ਦੇ ਹੋਰ ਪ੍ਰੀਖਣ ਕਰੇਗਾ।ਪੁਤਿਨ ਨੇ ਫ਼ੌਜੀ ਮੁਖੀਆਂ ਨਾਲ ਇੱਕ ਟੈਲੀਵਿਜ਼ਨ ਮੀਟਿੰਗ ਵਿੱਚ ਕਿਹਾ, "ਰੂਸ ਲਈ ਸੁਰੱਖਿਆ ਖ਼ਤਰਿਆਂ ਦੀ ਸਥਿਤੀ ਅਤੇ ਪ੍ਰਕਿਰਤੀ 'ਤੇ ਨਿਰਭਰ ਕਰਦਿਆਂ, ਅਸੀਂ ਲੜਾਈ ਦੀਆਂ ਸਥਿਤੀਆਂ ਸਮੇਤ ਇਹ ਪ੍ਰੀਖਣ ਜਾਰੀ ਰੱਖਾਂਗੇ। ਰੂਸ ਨੇ ਲਗਪਗ ਤਿੰਨ ਸਾਲਾਂ ਦੇ ਸੰਘਰਸ਼ ਵਿੱਚ ਹਥਿਆਰਾਂ ਦੀ ਤਾਇਨਾਤੀ ਵਿੱਚ ਇੱਕ ਵੱਡੇ ਵਾਧੇ ਵਿੱਚ ਵੀਰਵਾਰ ਤੜਕੇ ਯੂਕਰੇਨ ਦੇ ਸ਼ਹਿਰ ਡਨੀਪਰੋ ਵਿੱਚ ਇੱਕ ਨਵੀਂ ਪੀੜ੍ਹੀ ਦੀ ਮਿਜ਼ਾਈਲ ਦਾਗੀ।

ਕ੍ਰੇਮਲਿਨ ਦੇ ਮੁਖੀ ਨੇ ਇੱਕ ਮਿਜ਼ਾਈਲ ਦੇ ਪ੍ਰੀਖਣ ਲਈ ਹਰੀ ਝੰਡੀ ਦੇ ਦਿੱਤੀ ਹੈ ਜਿਸ ਵਿੱਚ ਮਿਜ਼ਾਈਲ ਮਾਚ 10 ਦੀ ਰਫ਼ਤਾਰ ਨਾਲ ਉੱਡਦੀ ਹੈ। ਆਵਾਜ਼ ਦੀ ਗਤੀ ਤੋਂ 10 ਗੁਣਾ ਵੱਧ, ਇੱਕ ਸਮਾਨ ਮਿਜ਼ਾਈਲ ਦੇ ਵੱਡੇ ਪੱਧਰ 'ਤੇ ਉਤਪਾਦਨ ਦੀ ਮੰਗ ਕੀਤੀ ਹੈ, ਉਸਨੇ ਕਿਹਾ ਕਿ ਰੂਸ ਇੱਕ ਸਮਾਨ ਉੱਨਤ ਪ੍ਰਣਾਲੀ ਵਿਕਸਿਤ ਕਰ ਰਿਹਾ ਹੈ. ਸਾਨੂੰ ਵੱਡੇ ਪੱਧਰ 'ਤੇ ਉਤਪਾਦਨ ਸ਼ੁਰੂ ਕਰਨ ਦੀ ਲੋੜ ਹੈ।

# ਮਹਾਰਾਸ਼ਟਰ ਦੇ ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਵੱਲੋਂ ਸ਼੍ਰੀ ਦੇਵੇਂਦਰ ਫਡਨਵੀਸ ਅਤੇ ਭਾਜਪਾ ਅਗਵਾਈ ਵਾਲੀ ਮਹਾਯੁਤੀ ਨੂੰ 2024 ਦੇ ਵਿਧਾਨ ਸਭਾ ਚੋਣਾਂ ਵਿੱਚ ਇਤਿਹਾਸਿਕ ਅਤੇ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈ



ਨਵੀਂ ਦਿੱਲੀ , 23 ਨਵੰਬਰ (ਜਸਵਿੰਦਰ ਸਿੰਘ ਬਿੱਟਾ)- ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ (ਮਹਾਰਾਸ਼ਟਰ ਸਰਕਾਰ) ਦੇ ਐਗਜੀਕਿਊਟਿਵ ਚੇਅਰਮੈਨ ਬਲ ਮਲਕੀਤ ਸਿੰਘ ਵੱਲੋਂ ਮਹਾਰਾਸ਼ਟਰ ਦੇ ਸਿੱਖ ਸਮਾਜ ਅਤੇ ਸ਼੍ਰੀ ਗੁਰੂ ਨਾਨਕ ਨਾਮ ਲੇਵਾ ਸੰਗਤ ਸ਼੍ਰੀ ਦੇਵੇਂਦਰ ਫਡਣਵੀਸ ਅਤੇ ਭਾਜਪਾ ਅਗਵਾਈ ਵਾਲੇ ਮਹਾਯੁਤੀ ਗਠਜੋੜ ਨੂੰ 2024 ਦੇ ਵਿਧਾਨ ਸਭਾ ਚੋਣਾਂ ਵਿੱਚ ਮਿਲੀ ਸ਼ਾਨਦਾਰ ਜਿੱਤ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਉਨਾਂ ਕਿਹਾ ਕਿ ਇਹ ਇਤਿਹਾਸਿਕ ਮੱਤ ਪ੍ਰਚੰਡਤਾ ਸਾਡੇ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਅਤੇ ਮਾਣਨਯੋਗ ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਦੇ ਦੂਰਦਰਸ਼ੀ ਅਗਵਾਈ ਅਤੇ ਵਿਕਾਸ-ਕੇਂਦਰਿਤ ਸਰਕਾਰ ਤੇ ਲੋਕਾਂ ਦੇ ਅਟੁੱਟ ਭਰੋਸੇ ਨੂੰ ਦਰਸਾਉਂਦਾ ਹੈ। ਸਿੱਖ ਸਮਾਜ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ, ਜਿਸ ਵਿੱਚ ਸਿੱਖ, ਹਿੰਦੂ, ਪੰਜਾਬੀ, ਸਿੰਧੀ, ਸਿਕਲੀਗਰ, ਲੁਭਾਣਾ ਅਤੇ ਵੰਜਾਰਾ ਸਮਾਜ ਸ਼ਾਮਲ ਹਨ, ਨੇ ਮਹਾਰਾਸ਼ਟਰ ਦੇ ਹਰ ਕੋਨੇ ਵਿੱਚ ਭਾਜਪਾ ਅਗਵਾਈ ਵਾਲੀ ਮਹਾਯੁਤੀ ਨੂੰ ਦਿਲੋਂ ਸਮਰਥਨ ਦਿੱਤਾ ਅਤੇ ਉਸ ਦੇ ਹੱਕ ਵਿੱਚ ਵੋਟ ਪਾ ਕੇ ਇਸ ਜਿੱਤ ਵਿੱਚ ਮੁੱਖ ਭੂਮਿਕਾ ਨਿਭਾਈ। ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੇ ਮਾਰਗਦਰਸ਼ਨ ਅਤੇ ਆਸ਼ੀਰਵਾਦ ਹੇਠ ਮਹਾਰਾਸ਼ਟਰ ਦੇ ਵੱਖ-ਵੱਖ ਖੇਤਰਾਂ, ਜਿਵੇਂ ਕਿ ਮੁੰਬਈ, ਨਵੀ ਮੁੰਬਈ, ਪੁਨੇ, ਨਾਸਿਕ, ਔਰੰਗਾਬਾਦ, ਨੰਦੇੜ, ਨਾਗਪੁਰ, ਕੋਲ੍ਹਾਪੁਰ ਅਤੇ ਹੋਰ ਜ਼ਿਲ੍ਹਿਆਂ ਵਿੱਚ ਵਿਸ਼ਾਲ ਕਮਿਊਨਟੀ ਆਊਟਰੀਚ ਪ੍ਰੋਗਰਾਮ ਆਯੋਜਿਤ ਕੀਤੇ ਗਏ। 18 ਨਵੰਬਰ 2024 ਨੂੰ ਮੁੰਬਈ ਵਿੱਚ ਹੋਈ ਪ੍ਰੈਸ ਕਾਨਫਰੰਸ ਦੌਰਾਨ ਸਿੱਖ ਸਮਾਜ ਨੇ ਭਾਜਪਾ ਅਗਵਾਈ ਵਾਲੀ ਮਹਾਯੁਤੀ ਦੇ ਹੱਕ ਵਿੱਚ ਆਪਣਾ ਪੂਰਾ ਸਮਰਥਨ ਜਨਤਕ ਤੌਰ 'ਤੇ ਦੱਸਿਆ।

ਇਹ ਸਮਰਥਨ ਸਰਕਾਰ ਦੀਆਂ ਪ੍ਰਗਤੀਸ਼ੀਲ ਅਤੇ ਸਮਾਜ ਸੇਵੀ ਨੀਤੀਆਂ ਦੀ ਮਾਨਤਾ ਦੇ ਤੌਰ 'ਤੇ ਦਿੱਤਾ ਗਿਆ ਹੈ, ਜਿਨ੍ਹਾਂ ਨੇ ਸਿੱਖ ਸਮਾਜ ਦੀ ਭਲਾਈ ਅਤੇ ਉੱਪਰਗਾਮੀ ਲਈ ਮਹੱਤਵਪੂਰਨ ਕਦਮ ਚੁੱਕੇ ਹਨ। ਇਨ੍ਹਾਂ ਪਲਾਂ ਨੇ ਸਿੱਖ ਸਮਾਜ ਦੇ ਦਿਲ ਵਿੱਚ ਸ਼੍ਰੀ ਦੇਵੇਂਦਰ ਫਡਣਵੀਸ ਅਤੇ ਭਾਜਪਾ ਅਗਵਾਈ ਵਾਲੀ ਮਹਾਯੁਤੀ ਦੇ ਨੇਤ੍ਰਤਵ ਪ੍ਰਤੀ ਭਰੋਸਾ ਅਤੇ ਯਕੀਨ ਮਜ਼ਬੂਤ ਕੀਤਾ ਹੈ।



# ਵਿਸ਼ਵ ਪੰਜਾਬੀ ਸਭਾ (ਰਜਿ:) ਕੈਨੇਡਾ

## ਅਤੇ ਧੀ ਪੰਜਾਬਣ ਮੰਚ ਸੰਗਰੂਰ ਵੱਲੋਂ

# ਪੁਸਤਕ ਸੱਭਿਆਚਾਰ ਨੂੰ ਸਮਰਪਿਤ ਸਮਾਰੋਹ

**ਮਿਤੀ: 27 ਨਵੰਬਰ 2024 ਦਿਨ ਬੁੱਧਵਾਰ / ਸਮਾਂ: ਸਵੇਰੇ 10:00 ਵਜੇ**

**ਸਥਾਨ:- ਅਕਾਲ ਕਾਲਜ਼ ਆਫ ਐਜੂਕੇਸ਼ਨ, ਮਸਤੂਆਣਾ ਸਾਹਿਬ (ਸੰਗਰੂਰ)**

## ਸਮਾਗਮ ਦੇ ਸਿਤਾਰੇ



ਡਾ. ਦਲਬੀਰ ਸਿੰਘ ਕਥੂਰੀਆ, ਚੇਅਰਮੈਨ ਵਿਸ਼ਵ ਪੰਜਾਬੀ ਸਭਾ
ਡਾ. ਹਰਦੀਪ ਸਿੰਘ ਮੁੰਡੀਆ, ਕੈਬਨਿਟ ਮੰਤਰੀ ਪੰਜਾਬ
ਡਾ. ਐਚ. ਐਸ. ਗਿੱਲ, ਚੇਅਰਮੈਂਨ ਆਦੇਸ਼ ਯੂਨੀਵਰਸਿਟੀ
ਡਾ. ਐਸ.ਪੀ. ਸਿੰਘ, ਸਾਬਕਾ ਵੀ.ਸੀ. ਗੁਰੂ ਨਾਨਕ ਦੇਵ ਯੂਨੀ.
ਪ੍ਰੋ. ਗੁਰਭਜਨ ਗਿੱਲ, ਸਰਪ੍ਰਸਤ ਵਿਸ਼ਵ ਪੰਜਾਬੀ ਸਭਾ
ਸ. ਜਸਪ੍ਰੀਤ ਸਿੰਘ ਕਰਮਸਰ, ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਸ. ਕੰਵਰ ਸੰਧੂ, ਸਾਬਕਾ ਐਮ.ਐਲ.ਏ
ਡਾ. ਜਗਤਾਰ ਸਿੰਘ ਧੀਮਾਨ, ਸਾਬਕਾ ਵੀ.ਸੀ. ਗੁਰੂ ਕਾਂਸ਼ੀ ਯੂਨੀਵਰਸਿਟੀ
ਸ. ਲਖਵਿੰਦਰ ਸਿੰਘ ਸਲੇਮਪੁਰੀ, ਵਿਸ਼ਵ ਪ੍ਰਸਿੱਧ ਲੇਖਕ
ਡਾ. ਜੋਗਾ ਸਿੰਘ ਵਿਰਕ, ਮੁੱਖ ਸਲਾਹਕਾਰ
ਸ. ਗੁਰਲਾਭ ਸਿੰਘ ਸਿੱਧੂ, ਸਰਪ੍ਰਸਤ
ਪ੍ਰੋ. ਕੁਲਬੀਰ ਸਿੰਘ, ਸੀਨੀ. ਕਾਲਮਨਵੀਸ ਮੀਡੀਆ ਆਲੋਚਕ
ਪ੍ਰੋ. ਸੰਧੂ ਵਰਿਆਣਵੀਂ, ਮੁੱਖ ਸਲਾਹਕਾਰ
ਡਾ. ਗੁਰਪ੍ਰੀਤ ਕੌਰ, ਮੁੱਖ ਸਲਾਹਕਾਰ
ਡਾ. ਗੁਰਚਰਨ ਕੌਰ ਕੋਚਰ, ਨੈਸ਼ਨਲ ਸਟੇਟ ਅਵਾਰਡੀ
ਮੈਡਮ ਸੁੱਖੀ ਬਰਾੜ, ਪੰਜਾਬੀ ਲੋਕ ਗਾਇਕਾ

## ਉਡੀਕਵਾਨ ਸਮੁੱਚੀ ਟੀਮ



ਸ. ਹਰਜੀਤ ਸਿੰਘ ਢੀਂਗਰਾ, ਮੈਡਮ ਬਲਬੀਰ ਕੌਰ ਰਾਏਕੋਟੀ, ਬਿੱਟੂ ਸ਼ਫੀਨਾ ਸੰਧੂ, ਸ. ਸਤਵਿੰਦਰ ਸਿੰਘ ਧੜਾਕ, ਡਾ. ਕਮਲਜੀਤ ਸਿੰਘ ਟਿੱਬਾ, ਸ. ਜਸਵੀਰ ਸਿੰਘ ਰਾਏ, ਸ. ਸੋਹਣ ਸਿੰਘ ਗੈਦੂ, ਜਗਦੀਸ਼ ਰਾਣਾ, ਸ. ਅਮਰਜੀਤ ਸਿੰਘ ਅਮਰ, ਸ. ਹਰਜੀਤ ਸਿੰਘ ਬਾਜਵਾ

ਸ. ਰਵਿੰਦਰ ਸਿੰਘ ਸੋਂਪਲਾ, ਪ੍ਰਿੰਸੀਪਲ ਗੁਰਜੰਟ ਸਿੰਘ, ਡਾ. ਰਮਨਦੀਪ ਸਿੰਘ ਦੀਪ, ਡਾ. ਹਰਜੀਤ ਸਿੰਘ ਸੱਧਰ, ਸ. ਕੰਵਲਜੀਤ ਸਿੰਘ ਲੱਕੀ, ਸ. ਸੁਰਿੰਦਰਪ੍ਰੀਤ ਘਣੀਆਂ, ਸ. ਸਤਬੀਰ ਸਿੰਘ, ਮੈਡਮ ਬਲਜੀਤ ਸਰਮਾਂ, ਡਾ. ਜਗਦੀਪ ਕੌਰ ਆਹੂਜਾ, ਸ੍ਰੀਮਤੀ ਪਰਮਿੰਦਰ ਕੌਰ ਜੈਪੁਰ

ਸਾਹਿਬਾ ਜੀਟਨ ਕੌਰ, ਰਵੀ ਦੇਵਗਨ, ਪਰਮਜੀਤ ਕੌਰ, ਡਾ. ਉਮੈ ਐਮਨ, ਸ. ਸਰਬਜੀਤ ਸਿੰਘ ਡਿੰਪੀ, ਗੁਰਜੀਤ ਕੌਰ ਅਜਨਾਲਾ, ਅਹਿਮਦ ਮਹਿਮੂਦ ਬਿੰਦ, ਗੁਰਪ੍ਰੀਤ ਕੌਰ, ਅਨੀਤਾ ਪਟਿਆਲਵੀ, ਬੋਬੀ ਬਾਜਾਖਾਨਾ

ਸ੍ਰੀਮਤੀ ਹਰਜਿੰਦਰ ਕੌਰ ਸੱਧਰ, ਵਿਨੈ ਜੋਸ਼ੀ, ਡਾ. ਗਿਆਨ ਸਿੰਘ ਘਈ, ਦਵੀ ਸਿੱਧੂ, ਨਿਰਮਲਾ ਗਰਗ, ਮੈਡਮ ਸਨਦੀਪ ਚੀਮਾ, ਸ. ਬਲਰਾਜ ਸਿੰਘ, ਸ. ਅਵਤਾਰ ਸਿੰਘ, ਸ. ਗਿਆਨ ਸਿੰਘ, ਸ. ਰਣਜੀਤ ਸਿੰਘ ਸਿਰਸਾ

ਸੰਦੀਪ ਸਰਮਾਂ, ਰਮਨਦੀਪ ਕੌਰ, ਸ. ਹਰਪ੍ਰੀਤ ਸਿੰਘ, ਸ. ਹਰਜਿੰਦਰ ਸਿੰਘ ਜਿੰਦੀ, ਮੰਗਤ ਖਾਨ, ਸ. ਗੁਰਸੇਵਕ ਸਿੰਘ ਢੈਣੀ, ਸ. ਸੁਖਦੇਵ ਸਿੰਘ ਗੰਡਵਾ, ਡਾ. ਰਵਿੰਦਰ ਭਾਟੀਆ, ਰਾਜਵੀਰ ਜੰਨਤ, ਕਿਰਨ ਸਿੰਗਲਾ

# ਸੰਪਰਕ ਨੰ. 98144-12610, 98154-04044

ROYAL SHIELD GROUP


# SUPER VISA INSURANCE

EMERGENCY MEDICAL INSURANCE FOR

- STUDENTS
- WORK PERMIT HOLDERS
- VISITORS

TEHAL SINGH BRAR
INSURANCE ADVISOR
905-782-2013

SAHAS BRAR
416-660-6151








## CHILD PLAN

Do you want to give a **Life Time Gift to your Child?** Call Now to set up this plan!

- A MAGICAL POLICY
- 20 Years To Pay!

# BRAMPTON CASH AND CARRY

| WHOLESALER | IMPORTER |
| --- | --- |
| DISTRIBUTOR | RETAILER |

**Wholesaler, Importer, Distributor & Retailer of Restaurants Supply**








BRAMPTON
CASH & CARRY

Brampton CashandCarry2023@gmail.com

**905-230-4800**

**100 Kennedy Road S., Brampton, ON L6W 3E7**


AAPKI PASAND AAPKA SWAAD
DURUM CHAKKI
ATTA
Aapki PASAND
AAPKA SWAAD
आटा
ਆਟਾ
Indian Style
DURUM CHAKKI ATTA
FARINE DE BLÉ
WHOLE WHEAT 100% BLÉ ENTIER
WEIGHT 20LB
PRICE $9.99
6HR SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA